੦੬੦

ਸਰਬ ਰੋਗ ਕਾ ਅਉਖਧ ਨਾਮੁ

(ਸੰਪਾਦਕ: ਅਨੰਤ ਪ੍ਰਵਾਹ ਟ੍ਰਸਟ ਯੂ.ਕੇ.)

ਸਤਿਗੁਰੂ ਨਾਨਕ ਨਿਰੰਕਾਰੀ ਜੀ ਨੇ ਨਾਮ ਨੂੰ ਹੀ ਸਾਰਿਆਂ ਦੁੱਖਾਂ ਦਾ ਦਾਰੂ ਦੱਸਿਆ ਹੈ।

- ਨਾਮੁ ਅਉਖਧੁ ਮੋ ਕਉ ਸਾਧੂ ਦੀਆ॥ ਕਿਲਬਿਖ ਕਾਟੇ ਨਿਰਮਲੁ ਥੀਆ॥
  ਅਨਦੁ ਭਇਆ ਨਿਕਸੀ ਸਭ ਪੀਰਾ ਸਗਲ ਬਿਨਾਸੇ ਦਰਦਾ ਜੀਉ॥ (੧੦੧)

- ਜਿਸੁ ਮਨਿ ਵਸੈ ਤਰੈ ਜਨੁ ਸੋਇ॥ ਜਾ ਕੈ ਕਰਮਿ ਪਰਾਪਤਿ ਹੋਇ॥
  ਦੂਖੁ ਰੋਗੁ ਕਛੁ ਭਉ ਨ ਬਿਆਪੈ॥ ਅੰਮ੍ਰਿਤ ਨਾਮੁ ਰਿਦੈ ਹਰਿ ਜਾਪੈ॥ (੧੮੪)

- ਲਲਾ ਲਾਵਉ ਅਉਖਧ ਜਾਹੂ॥ ਦੂਖ ਦਰਦ ਤਿਹ ਮਿਟਹਿ ਖਿਨਾਹੂ॥
  ਨਾਮ ਅਉਖਧੁ ਜਿਹ ਰਿਦੈ ਹਿਤਾਵੈ॥ ਤਾਹਿ ਰੋਗੁ ਸੁਪਨੈ ਨਹੀ ਆਵੈ॥
  ਹਰਿ ਅਉਖਧੁ ਸਭ ਘਟ ਹੈ ਭਾਈ॥ ਗੁਰ ਪੂਰੇ ਬਿਨੁ ਬਿਧਿ ਨ ਬਨਾਈ॥
  ਗੁਰਿ ਪੂਰੈ ਸੰਜਮੁ ਕਰਿ ਦੀਆ॥ ਨਾਨਕ ਤਉ ਫਿਰਿ ਦੂਖ ਨ ਥੀਆ॥ (੨੫੯)

ਮੈਨੂੰ ਯਕੀਨ ਹੈ ਕਿ ਜਿਸ ਕਿਸੇ ਨੂੰ ਪ੍ਰਭੂ ਦੇ ਨਾਮ ਦੀ ਦਵਾਈ ਦਿੱਤੀ ਜਾਏ, ਇੱਕ ਖਿਨ ਵਿੱਚ ਹੀ ਉਸਦੇ ਆਤਮਿਕ ਦੁੱਖ ਦਰਦ ਮਿਟ ਜਾਂਦੇ ਹਨ। ਜਿਸ ਮਨੁੱਖ ਨੂੰ ਆਪਣੇ ਹਿਰਦੇ ਵਿੱਚ ਰੋਗ ਨਾਸਕ ਪ੍ਰਭੂ ਨਾਮ ਪਿਆਰਾ ਲੱਗਣ ਲੱਗ ਪਵੇ, ਸੁਪਨੇ ਵਿੱਚ ਵੀ ਕੋਈ ਆਤਮਿਕ ਰੋਗ ਵਿਕਾਰ ਉਸਦੇ ਨੇੜੇ ਨਹੀਂ ਢੁੱਕਦਾ। ਹੇ ਭਾਈ! ਹਰੀ ਨਾਮ ਦਵਾਈ ਹਰੇਕ ਹਿਰਦੇ ਵਿੱਚ ਮੌਜੂਦ ਹੈ, ਪਰ ਪੂਰੇ ਗੁਰੂ ਤੋਂ ਬਿਨ੍ਹਾਂ ਵਰਤਨ ਦਾ ਢੰਗ ਕਾਮਯਾਬ ਨਹੀਂ ਹੁੰਦਾ। ਗੁਰੂ ਦਾ ਫੁਰਮਾਨ ਹੈ ਕਿ ਪੂਰੇ ਗੁਰੂ ਨੇ ਇਸ ਦਵਾਈ ਦੇ ਵਰਤਣ ਦਾ ਪ੍ਰਹੇਜ਼ ਨੀਯਤ ਕਰ ਦਿੱਤਾ ਹੈ। ਜੋ ਮਨੁੱਖ ਉਸ ਪ੍ਰਹੇਜ਼ ਅਨੁਸਾਰ ਦਵਾਈ ਵਰਤਦਾ ਹੈ ਉਸਨੂੰ ਮੁੜ ਕੋਈ ਵਿਕਾਰ ਦੁੱਖ ਪੋਹ ਨਹੀਂ ਸਕਦਾ।

- ਦੂਖ ਰੋਗ ਭਏ ਗਤੁ ਤਨ ਤੇ ਮਨੁ ਨਿਰਮਲੁ ਹਰਿ ਹਰਿ ਗੁਣ ਗਾਇ॥
  ਭਏ ਅਨੰਦ ਮਿਲਿ ਸਾਧੂ ਸੰਗਿ ਅਬ ਮੇਰਾ ਮਨੁ ਕਤ ਹੀ ਨ ਜਾਇ॥
  ਤਪਤਿ ਬੁਝੀ ਗੁਰ ਸਬਦੀ ਮਾਇ॥
  ਬਿਨਸਿ ਗਇਓ ਤਾਪ ਸਭ ਸਹਸਾ ਗੁਰੁ ਸੀਤਲੁ ਮਿਲਿਓ ਸਹਜਿ ਸੁਭਾਇ॥ਰਹਾਉ॥
  ਧਾਵਤ ਰਹੇ ਏਕੁ ਇਕੁ ਬੂਝਿਆ ਆਇ ਬਸੇ ਅਬ ਨਿਹਚਲੁ ਥਾਇ॥
  ਜਗਤੁ ਉਧਾਰਨ ਸੰਤ ਤੁਮਾਰੇ ਦਰਸਨੁ ਪੇਖਤ ਰਹੇ ਅਘਾਇ॥
  ਜਨਮ ਦੋਖ ਪਰੇ ਮੇਰੇ ਪਾਛੈ ਅਬ ਪਕਰੇ ਨਿਹਚਲੁ ਸਾਧੂ ਪਾਇ॥
  ਸਹਜ ਧੁਨਿ ਗਾਵੈ ਮੰਗਲ ਮਨੂਆ ਅਬ ਤਾ ਕਉ ਫੁਨਿ ਕਾਲੁ ਨ ਖਾਇ॥
  ਕਰਨ ਕਾਰਨ ਸਮਰਥ ਹਮਾਰੇ ਸੁਖਦਾਈ ਮੇਰੇ ਹਰਿ ਹਰਿ ਰਾਇ॥
  ਨਾਮੁ ਤੇਰਾ ਜਪਿ ਜੀਵੈ ਨਾਨਕੁ ਓਤਿ ਪੋਤਿ ਮੇਰੈ ਸੰਗਿ ਸਹਾਇ॥ (੩੭੩)

- ਅਉਖਧੁ ਖਾਇਓ ਹਰਿ ਕੋ ਨਾਉ॥ ਸੁਖ ਪਾਏ ਦੁਖ ਬਿਨਸਿਆ ਥਾਉ॥
  ਤਾਪੁ ਗਇਆ ਬਚਨਿ ਗੁਰ ਪੂਰੇ॥ ਅਨਦੁ ਭਇਆ ਸਭਿ ਮਿਟੇ ਵਿਸੂਰੇ॥ਰਹਾਉ॥
  ਜੀਅ ਜੰਤ ਸਗਲ ਸੁਖੁ ਪਾਇਆ॥ ਪਾਰਬ੍ਰਹਮੁ ਨਾਨਕ ਮਨਿ ਧਿਆਇਆ॥ (੩੭੯)

- ਬਿਘਨ ਬਿਨਾਸਨ ਸਭਿ ਦੁਖ ਨਾਸਨ ਸਤਿਗੁਰਿ ਨਾਮੁ ਦ੍ਰਿੜਾਇਆ॥

ਖੋਏ ਪਾਪ ਭਏ ਸਭਿ ਪਾਵਨ ਜਨ ਨਾਨਕ ਸੁਖਿ ਘਰਿ ਆਇਆ॥ (੬੨੨)

ਗੁਰਦੇਵ ਦਾ ਫੁਰਮਾਨ ਹੈ ਕਿ ਜੀਵਨ ਦੇ ਰਸਤੇ ਵਿੱਚੋਂ ਸਾਰੀਆਂ ਰੁਕਾਵਟਾਂ ਦੂਰ ਕਰਨ ਵਾਲਾ ਸਾਰੇ ਦੁੱਖ ਨਾਸ ਕਰਨ ਵਾਲਾ ਹਰਿਨਾਮ ਗੁਰੂ ਨੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿੱਚ ਪੱਕਾ ਕਰ ਦਿੱਤਾ, ਉਨ੍ਹਾਂ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ, ਉਹ ਸਾਰੇ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ, ਉਹ ਆਤਮਿਕ ਅਨੰਦ ਨਾਲ ਅੰਤਰ ਆਤਮੇ ਟਿਕੇ ਰਹਿੰਦੇ ਹਨ।

- ਅਨਿਕ ਬੀਂਗ ਦਾਸ ਕੇ ਪਰਹਰਿਆ॥ ਕਰਿ ਕਿਰਪਾ ਪ੍ਰਭਿ ਅਪਨਾ ਕਰਿਆ॥
ਤੁਮਹਿ ਛਡਾਇ ਲੀਓ ਜਨੁ ਅਪਨਾ॥ ਉਰਝਿ ਪਰਿਓ ਜਾਲੁ ਜਗੁ ਸੁਪਨਾ॥ਰਹਾਉ॥
ਪਰਬਤ ਦੋਖ ਮਹਾ ਬਿਕਰਾਲਾ॥ ਖਿਨ ਮਹਿ ਦੂਰਿ ਕੀਏ ਦਇਆਲਾ॥
ਸੋਗ ਰੋਗ ਬਿਪਤਿ ਅਤਿ ਭਾਰੀ॥ ਦੂਰਿ ਭਈ ਜਪਿ ਨਾਮੁ ਮੁਰਾਰੀ॥ (੭੪੨)

ਹੇ ਪ੍ਰਭੂ! ਸੁਪਨੇ ਵਰਗੇ ਜਗਤ ਦਾ ਮੋਹ ਜਾਲ ਤੇਰੇ ਸੇਵਕ ਦੇ ਦੁਆਲੇ ਉਲਝ ਗਿਆ ਸੀ, ਪਰ ਤੂੰ ਆਪਣੇ ਸੇਵਕ ਨੂੰ ਉਸ ਵਿੱਚੋਂ ਆਪ ਕੱਢ ਲਿਆ। ਪ੍ਰਭੂ ਨੇ ਆਪਣੇ ਸੇਵਕ ਦੇ ਅਨੇਕਾਂ ਵਲ ਵਿੰਗ ਦੂਰ ਕਰ ਦਿੱਤੇ ਤੇ ਕਿਰਪਾ ਕਰਕੇ ਉਸਨੂੰ ਆਪਣਾ ਬਣਾ ਲਿਆ ਹੈ। ਸ਼ਰਨ ਪਏ ਮਨੁੱਖ ਦੇ ਪਹਾੜਾਂ ਜਿੱਡੇ ਵੱਡੇ ਤੇ ਭਿਆਨਕ ਐਬ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਮਾਤਮਾ ਨੇ ਇੱਕ ਛਿਨ ਵਿੱਚ ਦੂਰ ਕਰ ਦਿੱਤੇ। ਅਨੇਕਾਂ ਗ਼ਮ ਤੇ ਰੋਗ ਵੱਡੀਆਂ ਭਾਰੀਆਂ ਮੁਸੀਬਤਾਂ ਪ੍ਰਮਾਤਮਾ ਦਾ ਨਾਮ ਜਪ ਕੇ ਦੂਰ ਹੋ ਗਈਆਂ।

- ਅਉਖਧੁ ਹਰਿ ਕਾ ਨਾਮੁ ਹੈ ਜਿਤੁ ਰੋਗੁ ਨ ਵਿਆਪੈ॥ ਸਾਧਸੰਗਿ ਮਨਿ ਤਨਿ ਹਿਤੈ ਫਿਰਿ ਦੂਖੁ ਨ ਜਾਪੈ॥
ਹਰਿ ਹਰਿ ਹਰਿ ਹਰਿ ਜਾਪੀਐ ਅੰਤਰਿ ਲਿਵ ਲਾਈ॥ ਕਿਲਵਿਖ ਉਤਰਹਿ ਸੁਧੁ ਹੋਇ ਸਾਧੂ ਸਰਣਾਈ॥
ਸੁਨਤ ਜਪਤ ਹਰਿ ਨਾਮ ਜਸੁ ਤਾ ਕੀ ਦੂਰਿ ਬਲਾਈ॥ ਮਹਾ ਮੰਤ੍ਰੁ ਨਾਨਕੁ ਕਥੈ ਹਰਿ ਕੇ ਗੁਣ ਗਾਈ॥ (੯੧੪)

- ਰੋਗ ਦੋਖ ਗੁਰ ਸਬਦਿ ਨਿਵਾਰੇ॥ ਨਾਮ ਅਉਖਧੁ ਮਨ ਭੀਤਰਿ ਸਾਰੇ॥
ਗੁਰ ਭੇਟਤ ਮਨਿ ਭਇਆ ਅਨੰਦ॥ ਸਰਬ ਨਿਧਾਨ ਨਾਮ ਭਗਵੰਤ॥ (੧੧੪੯)

- ਇਹੁ ਸੰਸਾਰੁ ਸਗਲ ਬਿਕਾਰੁ॥ ਤੇਰਾ ਨਾਮੁ ਦਾਰੂ ਅਵਰੁ ਨਾਸਤਿ ਕਰਣਹਾਰੁ ਅਪਾਰੁ॥ (੧੩੨੭)

ਤੇਰੇ ਨਾਮ ਤੋਂ ਖੁੰਝ ਕੇ ਇਹ ਸਾਰਾ ਜਗਤ ਵਿਕਾਰ ਹੀ ਵਿਕਾਰ ਸਹੇੜ ਰਿਹਾ ਹੈ। ਵਿਕਾਰਾਂ ਦੀ ਦੁਆਈ ਸਿਰਫ਼ ਤੇਰਾ ਨਾਮ ਹੀ ਹੈ, ਹੋਰ ਕੋਈ ਦਵਾ ਦਾਰੂ ਨਹੀਂ ਹੈ। ਜਗਤ ਅਤੇ ਜਗਤ ਦੇ ਰੋਗਾਂ ਨੂੰ ਬਣਾਉਣ ਵਾਲਾ ਤੂੰ ਬੇਅੰਤ ਪ੍ਰਭੂ ਆਪ ਹੀ ਹੈਂ।

- ਅਉਖਧੁ ਨਾਮੁ ਅਪਾਰੁ ਅਮੋਲਕੁ ਪੀਜਈ॥ ਮਿਲਿ ਮਿਲਿ ਖਾਵਹਿ ਸੰਤ ਸਗਲ ਕਉ ਦੀਜਈ॥
ਜਿਸੈ ਪਰਾਪਤਿ ਹੋਇ ਤਿਸੈ ਹੀ ਪਾਵਣੇ॥ ਹਰਿਹਾਂ ਹਉ ਬਲਿਹਾਰੀ ਤਿੰਨ੍ ਜਿ ਹਰਿ ਰੰਗੁ ਰਾਵਣੇ॥ (੧੩੬੩)

ਆਤਮਿਕ ਰੋਗਾਂ ਨੂੰ ਦੂਰ ਕਰਨ ਲਈ ਪ੍ਰਮਾਤਮਾ ਦਾ ਨਾਮ ਹੀ ਬਹੁਤ ਵੱਡੀ ਤੇ ਕੀਮਤੀ ਦਵਾਈ ਹੈ। ਇਹ ਦਵਾਈ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਗਤਿ ਵਿੱਚ ਪ੍ਰਾਪਤ ਕੀਤੀ ਜਾ ਸਕਦੀ ਹੈ। ਸੰਤ ਜਨ ਸਦਾ ਮਿਲ ਕੇ ਇਹ ਹਰਿਨਾਮ ਦਵਾਈ ਖਾਂਦੇ ਰਹਿੰਦੇ ਹਨ। ਜਿਹੜੇ ਵੀ ਵਡਭਾਗੀ ਸਾਧ ਸੰਗਤਿ ਵਿੱਚ ਜਾਂਦੇ ਹਨ ਉਨ੍ਹਾਂ ਸਾਰਿਆਂ ਨੂੰ ਇਹ ਨਾਮ ਦਵਾਈ ਵੰਡੀ ਜਾਂਦੀ ਹੈ। ਪਰ ਉਸੇ ਮਨੁੱਖ ਨੂੰ ਇਹ ਨਾਮ ਦਵਾਈ ਮਿਲਦੀ ਹੈ ਜਿਸਦੇ ਭਾਗਾਂ ਵਿੱਚ ਇਸਦਾ ਮਿਲਣਾ ਲਿਖਿਆ ਹੁੰਦਾ ਹੈ। ਹੇ ਭਾਈ! ਮੈਂ ਸਦਕੇ ਜਾਂਦਾ ਹਾਂ ਉਨ੍ਹਾਂ ਤੋਂ ਜਿਹੜੇ ਹਰਿਨਾਮ ਜਪਕੇ ਪ੍ਰਭੂ ਮਿਲਾਪ ਦਾ ਅਨੰਦ ਮਾਣਦੇ ਹਨ।

- ਅਉਖਧ ਮੰਤ੍ਰ ਤੰਤ੍ਰ ਪਰ ਦੁਖ ਹਰ ਸਰਬ ਰੋਗ ਖੰਡਣ ਗੁਣਕਾਰੀ॥
ਕਾਮ ਕ੍ਰੋਧ ਮਦ ਮਤਸਰ ਤ੍ਰਿਸਨਾ ਬਿਨਸਿ ਜਾਹਿ ਹਰਿ ਨਾਮੁ ਉਚਾਰੀ॥

ਇਸਨਾਨ ਦਾਨ ਤਾਪਨ ਸੁਚਿ ਕਿਰਿਆ ਚਰਣ ਕਮਲ ਹਿਰਦੈ ਪ੍ਰਭ ਧਾਰੀ॥ (੧੩੮੮)

ਪਰਾਏ ਦੁੱਖ ਦੂਰ ਕਰਨ ਲਈ ਇਹ ਨਾਮ ਅਉਖਧੀ ਰੂਪ ਹੈ, ਮੰਤ੍ਰ ਰੂਪ ਹੈ, ਤੰਤ੍ਰ ਰੂਪ ਹੈ, ਨਾਮ ਸਾਰੇ ਰੋਗਾਂ ਦਾ ਨਾਸ ਕਰਨ ਵਾਲਾ ਹੈ ਤੇ ਗੁਣ ਪੈਦਾ ਕਰਨ ਵਾਲਾ ਹੈ। ਹਰੀ ਨਾਮ ਨੂੰ ਸਿਮਰਿਆਂ ਕਾਮ, ਕ੍ਰੋਧ, ਹੰਕਾਰ, ਈਰਖਾ ਤੇ ਤ੍ਰਿਸ਼ਨਾ ਇਹ ਸਭ ਨਾਸ ਹੋ ਜਾਂਦੇ ਹਨ। ਤੀਰਥਾਂ ਦੇ ਇਸ਼ਨਾਨ ਕਰਨੇ, ਦਾਨ ਕਰਨੇ, ਤਪ ਕਰਨੇ ਤੇ ਸਰੀਰਕ ਸੁੱਚ ਦੇ ਕਰਮ ਕਰਨੇ, ਇਨ੍ਹਾਂ ਸਭਨਾਂ ਦੀ ਥਾਂ ਅਸਾਂ ਪ੍ਰਭੂ ਦੇ ਚਰਨ ਹਿਰਦੇ ਵਿੱਚ ਧਾਰ ਲਏ ਹਨ।

- ਅਨਿਕ ਉਪਾਵੀ ਰੋਗੁ ਨ ਜਾਇ॥ ਰੋਗੁ ਮਿਟੈ ਹਰਿ ਅਵਖਧੁ ਲਾਇ॥ (੨੮੮)

ਕਈ ਜਤਨ ਕਰਨ ਨਾਲ ਵੀ ਦੂਰ ਨਾ ਹੋਣ ਵਾਲਾ ਹਉਮੈ ਦਾ ਰੋਗ ਨਾਮ ਦਵਾਈ ਨਾਲ ਮਿਟ ਜਾਂਦਾ ਹੈ।

- ਹਉ ਮੈਲਾ ਮਲੁ ਕਬਹੁ ਨ ਧੋਵੈ॥ ਹਰਿ ਕਾ ਨਾਮੁ ਕੋਟਿ ਪਾਪ ਖੋਵੈ॥ (੨੬੪)

ਹਉਮੈ ਨਾਲ ਮੈਲਾ ਹੋਇਆ ਜੀਵ ਕਦੇ ਮੈਲ ਧੋਂਦਾ ਨਹੀਂ ਪਰ ਪ੍ਰਭੂ ਦਾ ਨਾਮ ਕਰੋੜਾਂ ਪਾਪ ਨਾਸ ਕਰ ਦਿੰਦਾ ਹੈ।

- ਘੋਰ ਦੁਖੰ ਅਨਿਕ ਹਤ੍ਰੰ ਜਨਮ ਦਾਰਿਦ੍ਰੰ ਮਹਾ ਬਿਖ੍ਯਾਦੰ॥
ਮਿਟੰਤ ਸਗਲ ਸਿਮਰੰਤ ਹਰਿ ਨਾਮ ਨਾਨਕ ਜੈਸੇ ਪਾਵਕ ਕਾਸਟ ਭਸਮੰ ਕਰੋਤਿ॥ (੧੩੫੫)

ਭਿਆਨਕ ਦੁੱਖ ਕਲੇਸ਼ ਅਨੇਕਾਂ ਖੂਨ ਖਰਾਬੇ, ਜਨਮਾਂ ਜਨਮਾਂਤਰਾਂ ਦੀ ਗਰੀਬੀ, ਵੱਡੇ-ਵੱਡੇ ਪੁਆੜੇ ਇਹ ਸਾਰੇ ਪ੍ਰਮਾਤਮਾ ਦਾ ਨਾਮ ਸਿਮਰਿਆਂ ਮਿਟ ਜਾਂਦੇ ਹਨ ਜਿਵੇਂ ਅੱਗ ਲੱਕੜਾਂ ਨੂੰ ਸੁਆਹ ਕਰ ਦਿੰਦੀ ਹੈ ਇਵੇਂ ਨਾਮ ਦਾ ਸਿਮਰਨ ਪਿਛਲੇ ਕੀਤੇ ਕੁਕਰਮਾਂ ਦੇ ਸੰਸਕਾਰਾਂ ਦਾ ਨਾਸ ਕਰ ਦਿੰਦਾ ਹੈ।

ਕੇਵਲ ਨਾਮ ਨੂੰ ਹੀ ਆਤਮਿਕ ਰੋਗਾਂ ਦਾ ਦਾਰੂ ਸਮਝਣ ਦੀ ਸਿੱਖਿਆ ਦ੍ਰਿੜ੍ਹ ਕਰਵਾਉਣ ਵਾਲੇ ਹੋਰ ਅਨੇਕਾਂ ਸ਼ਬਦ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਮੌਜੂਦ ਹਨ, ਉਨ੍ਹਾਂ ਵਿੱਚੋਂ ਕੁੱਝ ਹੇਠਾਂ ਦਰਜ਼ ਹਨ:

- ਸਤਿਗੁਰ ਕੀ ਸੇਵਾ ਸੋ ਕਰੇ ਜਿਸੁ ਬਿਨਸੈ ਹਉਮੈ ਤਾਪੁ॥
ਨਾਨਕ ਕਉ ਗੁਰੁ ਭੇਟਿਆ ਬਿਨਸੇ ਸਗਲ ਸੰਤਾਪ॥ (੪੫)

- ਪ੍ਰਭੁ ਸਮਰਥੁ ਵਡ ਊਚ ਅਪਾਰਾ॥ ਨਉ ਨਿਧਿ ਨਾਮੁ ਭਰੇ ਭੰਡਾਰਾ॥
ਆਦਿ ਅੰਤਿ ਮਧਿ ਪ੍ਰਭੁ ਸੋਈ ਦੂਜਾ ਲਵੈ ਨ ਲਾਈ ਜੀਉ॥ (੧੦੭)

- ਅਉਖਧ ਮੰਤ੍ਰ ਮੂਲੁ ਮਨ ਏਕੈ ਜੇ ਕਰਿ ਦ੍ਰਿੜੁ ਚਿਤੁ ਕੀਜੈ ਰੇ॥
ਜਨਮ ਜਨਮ ਕੇ ਪਾਪ ਕਰਮ ਕੇ ਕਾਟਨਹਾਰਾ ਲੀਜੈ ਰੇ॥ (੧੫੬)

- ਹਰਿ ਹਰਿ ਨਾਮੁ ਹਰਿ ਹਰਿ ਜਗਿ ਅਵਖਧੁ ਹਰਿ ਹਰਿ ਨਾਮੁ ਹਰਿ ਸਾਤੇ॥
ਤਿਨ ਕੇ ਪਾਪ ਦੋਖ ਸਭਿ ਬਿਨਸੇ ਜੋ ਗੁਰਮਤਿ ਰਾਮ ਰਸੁ ਖਾਤੇ॥
ਜਿਨ ਕਉ ਲਿਖਤੁ ਲਿਖੇ ਧੁਰਿ ਮਸਤਕਿ ਤੇ ਗੁਰ ਸੰਤੋਖ ਸਰਿ ਨਾਤੇ॥
ਦੁਰਮਤਿ ਮੈਲੁ ਗਈ ਸਭ ਤਿਨ ਕੀ ਜੋ ਰਾਮ ਨਾਮ ਰੰਗਿ ਰਾਤੇ॥
ਰਾਮ ਤੁਮ ਆਪੇ ਆਪਿ ਆਪਿ ਪ੍ਰਭੁ ਠਾਕੁਰ ਤੁਮ ਜੇਵਡ ਅਵਰੁ ਨ ਦਾਤੇ॥
ਜਨੁ ਨਾਨਕੁ ਨਾਮੁ ਲਏ ਤਾਂ ਜੀਵੈ ਹਰਿ ਜਪੀਐ ਹਰਿ ਕਿਰਪਾ ਤੇ॥ (੧੬੯)

- ਨਾਮੁ ਅਉਖਧੁ ਸੋਈ ਜਨੁ ਪਾਵੈ॥ ਕਰਿ ਕਿਰਪਾ ਜਿਸੁ ਆਪਿ ਦਿਵਾਵੈ॥
ਹਰਿ ਹਰਿ ਨਾਮੁ ਜਾ ਕੈ ਹਿਰਦੈ ਵਸੈ॥ ਦੂਖੁ ਦਰਦੁ ਤਿਹ ਨਾਨਕ ਨਸੈ॥ (੧੭੯)

– ਦੁਖ ਭੰਜਨੁ ਤੇਰਾ ਨਾਮੁ ਜੀ ਦੁਖ ਭੰਜਨੁ ਤੇਰਾ ਨਾਮੁ॥
ਆਠ ਪਹਰ ਆਰਾਧੀਐ ਪੂਰਨ ਸਤਿਗੁਰ ਗਿਆਨੁ॥ ਰਹਾਉ॥
ਜਿਤੁ ਘਟਿ ਵਸੈ ਪਾਰਬ੍ਰਹਮੁ ਸੋਈ ਸੁਹਾਵਾ ਥਾਉ॥ ਜਮ ਕੰਕਰੁ ਨੇੜਿ ਨ ਆਵਈ ਰਸਨਾ ਹਰਿ ਗੁਣ ਗਾਉ॥
ਸੇਵਾ ਸੁਰਤਿ ਨ ਜਾਣੀਆ ਨਾ ਜਾਪੈ ਆਰਾਧਿ॥ ਓਟ ਤੇਰੀ ਜਗਜੀਵਨਾ ਮੇਰੇ ਠਾਕੁਰ ਅਗਮ ਅਗਾਧਿ॥
ਭਏ ਕ੍ਰਿਪਾਲ ਗੁਸਾਈਆ ਨਠੇ ਸੋਗ ਸੰਤਾਪ॥ ਤਤੀ ਵਾਉ ਨ ਲਗਈ ਸਤਿਗੁਰਿ ਰਖੇ ਆਪਿ॥
ਗੁਰੁ ਨਾਰਾਇਣੁ ਦਯੁ ਗੁਰੁ ਗੁਰੁ ਸਚਾ ਸਿਰਜਣਹਾਰੁ॥
ਗੁਰਿ ਤੁਠੈ ਸਭ ਕਿਛੁ ਪਾਇਆ ਜਨ ਨਾਨਕ ਸਦ ਬਲਿਹਾਰ॥ (੨੧੮)

– ਤਾਪ ਸੰਤਾਪ ਸਗਲੇ ਗਏ ਬਿਨਸੇ ਤੇ ਰੋਗ॥ ਪਾਰਬ੍ਰਹਮਿ ਤੂ ਬਖਸਿਆ ਸੰਤਨ ਰਸ ਭੋਗ॥ ਰਹਾਉ॥
ਸਰਬ ਸੁਖਾ ਤੇਰੀ ਮੰਡਲੀ ਤੇਰਾ ਮਨੁ ਤਨੁ ਆਰੋਗ॥
ਗੁਨ ਗਾਵਹੁ ਨਿਤ ਰਾਮ ਕੇ ਇਹ ਅਵਖਦ ਜੋਗ॥ (੮੦੭)

– ਨਾਮੁ ਜਪਹੁ ਨਾਮੇ ਸੁਖੁ ਪਾਵਹੁ ਨਾਮੁ ਰਖਹੁ ਗੁਰਮਤਿ ਮਨਿ ਚੀਤਾ॥ (੩੬੭)

– ਹਿਰਦੈ ਹਰਿ ਕੇ ਚਰਣ ਵਸਾਈ॥ ਸੁਖੁ ਪਾਇਆ ਸਹਜ ਧੁਨਿ ਉਪਜੀ ਰੋਗਾ ਘਾਣਿ ਮਿਟਾਈ॥ (੬੧੯)

– ਤਾਪੁ ਲਾਹਿਆ ਗੁਰ ਸਿਰਜਨਹਾਰਿ॥
ਸਤਿਗੁਰ ਅਪਨੇ ਕਉ ਬਲਿ ਜਾਈ ਜਿਨਿ ਪੈਜ ਰਖੀ ਸਾਰੈ ਸੰਸਾਰਿ॥ (੮੨੧)

– ਇਹੁ ਸੰਸਾਰੁ ਸਗਲ ਬਿਕਾਰੁ॥ ਤੇਰਾ ਨਾਮੁ ਦਾਰੂ ਅਵਰੁ ਨਾਸਤਿ ਕਰਣਹਾਰੁ ਅਪਾਰੁ॥ (੧੩੨੭)

– ਹਉਮੈ ਰੋਗੁ ਮਾਨੁਖ ਕਉ ਦੀਨਾ॥ ਕਾਮ ਰੋਗਿ ਮੈਗਲੁ ਬਸਿ ਲੀਨਾ॥
ਦ੍ਰਿਸਟਿ ਰੋਗਿ ਪਚਿ ਮੁਏ ਪਤੰਗਾ॥ ਨਾਦ ਰੋਗਿ ਖਪਿ ਗਏ ਕੁਰੰਗਾ॥
ਜੋ ਜੋ ਦੀਸੈ ਸੋ ਸੋ ਰੋਗੀ॥ ਰੋਗ ਰਹਿਤ ਮੇਰਾ ਸਤਿਗੁਰੁ ਜੋਗੀ॥ ਰਹਾਉ॥
ਜਿਹਵਾ ਰੋਗਿ ਮੀਨੁ ਗ੍ਰਸਿਆਨੋ॥ ਬਾਸਨ ਰੋਗਿ ਭਵਰੁ ਬਿਨਸਾਨੋ॥
ਹੇਤ ਰੋਗ ਕਾ ਸਗਲ ਸੰਸਾਰਾ॥ ਤ੍ਰਿਬਿਧਿ ਰੋਗ ਮਹਿ ਬਧੇ ਬਿਕਾਰਾ॥
ਰੋਗੇ ਮਰਤਾ ਰੋਗੇ ਜਨਮੈ॥ ਰੋਗੇ ਫਿਰਿ ਫਿਰਿ ਜੋਨੀ ਭਰਮੈ॥
ਰੋਗ ਬੰਧ ਰਹਨੁ ਰਤੀ ਨ ਪਾਵੈ॥ ਬਿਨੁ ਸਤਿਗੁਰ ਰੋਗੁ ਕਤਹਿ ਨ ਜਾਵੈ॥
ਪਾਰਬ੍ਰਹਮਿ ਜਿਸੁ ਕੀਨੀ ਦਇਆ॥ ਬਾਹ ਪਕੜਿ ਰੋਗਹੁ ਕਢਿ ਲਇਆ॥
ਤੂਟੇ ਬੰਧਨ ਸਾਧਸੰਗੁ ਪਾਇਆ॥ ਕਹੁ ਨਾਨਕ ਗੁਰਿ ਰੋਗੁ ਮਿਟਾਇਆ॥ (੧੧੪੦)

– ਦੂਖ ਭੂਖ ਸੰਸਾ ਮਿਟਿਆ ਗਾਵਤ ਪ੍ਰਭ ਨਾਮ॥ ਸਹਜ ਸੂਖ ਆਨੰਦ ਰਸ ਪੂਰਨ ਸਭਿ ਕਾਮ॥ ਰਹਾਉ॥
ਜਲਨਿ ਬੁਝੀ ਸੀਤਲ ਭਏ ਰਾਖੇ ਪ੍ਰਭਿ ਆਪ॥ ਨਾਨਕ ਪ੍ਰਭ ਸਰਣਾਗਤੀ ਜਾ ਕਾ ਵਡ ਪਰਤਾਪ॥ (੮੧੯)

– ਹਰਿ ਕੇ ਚਰਨ ਕਮਲ ਮਨਿ ਧਿਆਉ॥
ਕਾਢਿ ਕੁਠਾਰੁ ਪਿਤ ਬਾਤ ਹੰਤਾ ਅਉਖਧੁ ਹਰਿ ਕੋ ਨਾਉ॥ ਰਹਾਉ॥
ਤੀਨੇ ਤਾਪ ਨਿਵਾਰਣਹਾਰਾ ਦੁਖ ਹੰਤਾ ਸੁਖ ਰਾਸਿ॥
ਤਾ ਕਉ ਬਿਘਨੁ ਨ ਕੋਊ ਲਾਗੈ ਜਾ ਕੀ ਪ੍ਰਭ ਆਗੈ ਅਰਦਾਸਿ॥
ਸੰਤ ਪ੍ਰਸਾਦਿ ਬੈਦ ਨਾਰਾਇਣ ਕਰਣ ਕਾਰਣ ਪ੍ਰਭ ਏਕ॥
ਬਾਲ ਬੁਧਿ ਪੂਰਨ ਸੁਖਦਾਤਾ ਨਾਨਕ ਹਰਿ ਹਰਿ ਟੇਕ॥ (੭੧੪)

– ਹਰਿ ਹਰਿ ਮਨ ਮਹਿ ਨਾਮੁ ਕਹਿਓ॥

ਕੋਟਿ ਅਪ੍ਰਾਧ ਮਿਟਹਿ ਖਿਨ ਭੀਤਰਿ ਤਾ ਕਾ ਦੁਖੁ ਨ ਰਹਿਓ॥ (੯੭੯)

– ਦੁਖ ਵਿਚਿ ਜੰਮੈ ਦੁਖਿ ਮਰੈ ਦੁਖ ਵਿਚਿ ਕਾਰ ਕਮਾਇ॥
ਗਰਭ ਜੋਨੀ ਵਿਚਿ ਕਦੇ ਨ ਨਿਕਲੈ ਬਿਸਟਾ ਮਾਹਿ ਸਮਾਇ॥
ਧ੍ਰਿਗੁ ਧ੍ਰਿਗੁ ਮਨਮੁਖਿ ਜਨਮੁ ਗਵਾਇਆ॥
ਪੂਰੇ ਗੁਰ ਕੀ ਸੇਵ ਨ ਕੀਨੀ ਹਰਿ ਕਾ ਨਾਮੁ ਨ ਭਾਇਆ॥ਰਹਾਉ॥
ਗੁਰ ਕਾ ਸਬਦੁ ਸਭਿ ਰੋਗ ਗਵਾਏ ਜਿਸ ਨੋ ਹਰਿ ਜੀਉ ਲਾਏ॥
ਨਾਮੇ ਨਾਮਿ ਮਿਲੈ ਵਡਿਆਈ ਜਿਸ ਨੋ ਮੰਨਿ ਵਸਾਏ॥
ਸਤਿਗੁਰੁ ਭੇਟੈ ਤਾ ਫਲੁ ਪਾਏ ਸਚੁ ਕਰਣੀ ਸੁਖ ਸਾਰੁ॥
ਸੇ ਜਨ ਨਿਰਮਲ ਜੋ ਹਰਿ ਲਾਗੇ ਹਰਿ ਨਾਮੇ ਧਰਹਿ ਪਿਆਰੁ॥
ਤਿਨ ਕੀ ਰੇਣੁ ਮਿਲੈ ਤਾਂ ਮਸਤਕਿ ਲਾਈ ਜਿਨ ਸਤਿਗੁਰੁ ਪੂਰਾ ਧਿਆਇਆ॥
ਨਾਨਕ ਤਿਨ ਕੀ ਰੇਣੁ ਪੂਰੈ ਭਾਗਿ ਪਾਈਐ ਜਿਨੀ ਰਾਮ ਨਾਮਿ ਚਿਤੁ ਲਾਇਆ॥ (੧੧੩੦)

ਜਿਉਂ-ਜਿਉਂ ਸ਼ਬਦ ਦੀ ਵਿਚਾਰ ਕਰੀਏ ਤਿਉਂ-ਤਿਉਂ ਦਇਆਲੂ ਸਤਿਗੁਰੂ ਦੀ ਮਿਹਰ ਹੁੰਦੀ ਅਨੁਭਵ ਕਰਕੇ ਸ਼ਰਧਾ ਅਤੇ ਸਤਿਕਾਰ ਨਾਲ ਮਨ ਗੁਰੂ ਚਰਨਾਂ ਦਾ ਭੌਰਾ ਬਣਦਾ ਜਾਂਦਾ ਹੈ। ਸਾਨੂੰ ਨਿਆਰੇ ਆਚਰਣ ਵਾਲਾ ਬਣਾਉਣ ਲਈ ਗੁਰਮਤਿ ਸਿਧਾਂਤ ਦਾ ਹਰ ਪੱਖ ਸਮਝਾਉਣ ਦੇ ਯਤਨਾਂ ਵਿੱਚ ਸਤਿਗੁਰਾਂ ਨੇ ਕਈ-ਕਈ ਸ਼ਬਦ ਲਿਖਣ ਦੀ ਅਪਾਰ ਘਾਲਣਾ ਘਾਲੀ ਹੈ। ਪ੍ਰਮਾਤਮਾ ਦਾ ਨਾਮ ਹੀ ਮਨੁੱਖ ਨੂੰ ਜਾਗਰਤ ਅਵਸਥਾ ਵਿੱਚ ਲਿਆਉਂਦਾ ਹੈ, ਨਾਮ ਹੀ ਮਰਜੀਵੜਾ ਬਣਾਉਂਦਾ ਹੈ, ਨਾਮ ਹੀ ਖਾਣ ਪੀਣ ਵਾਲਾ ਅਤਿਅੰਤ ਮਿੱਠਾ ਰਸ ਹੈ, ਨਾਮ ਹੀ ਪਹਿਚਾਣ ਤੇ ਹੰਢਾਉਣ ਲਈ ਉੱਤਮ ਵਰਤੋਂ ਹੈ, ਨਾਮ ਹੀ ਆਤਮਾ ਦੇ ਸਰਬ ਰੋਗਾਂ ਦਾ ਨਾਸ ਕਰਤਾ ਹੈ, ਨਾਮ ਹੀ ਸਦੀਵੀ ਆਤਮਿਕ ਜ਼ਿੰਦਗੀ ਦੀ ਬਖ਼ਸ਼ਿਸ਼ ਕਰਦਾ ਹੈ, ਭਾਵ ਆਪਣੇ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੁਕਮ ਵਿੱਚ ਰਹਿ ਕੇ ਪ੍ਰਭੂ ਨਾਮ ਦੀ ਅਸਲੀਅਤ ਸਮਝ ਕੇ ਉਸਦਾ ਸਿਮਰਨ ਹੀ ਮਨੁੱਖ ਲਈ ਸਾਰੇ ਪਦਾਰਥ ਰਸੀਲੇ ਬਣਾਉਂਦਾ ਹੈ ਅਤੇ ਨਾਮਰਸੀਏ ਨੂੰ ਉੱਚੀ ਆਤਮਿਕ ਅਵਸਥਾ ਦਾ ਮਾਲਕ ਬਣਾ ਕੇ ਸੰਤ ਸੂਰਮਾ ਬਣਾਉਂਦਾ ਹੈ। ਸਤਿਗੁਰੂ ਜੀ ਦੇ ਗਿਆਨ ਅਨੁਸਾਰ ਜੀਵਨ ਜੁਗਤ ਸੁਆਰ ਲੈਣ ਵਾਲੇ ਜੀਵ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।